# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :14-11-2025**

ਵਿਧਾਨ ਸਭਾ ਹਲਕਾ ਤਰਨਤਾਰਨ ਦੀ ਜ਼ਿਮਨੀ ਚੋਣ ਲਈ 11 ਨਵੰਬਰ ਨੂੰ ਪਈਆਂ ਵੋਟਾਂ ਦੀ ਗਿਣਤੀ ਅੱਜ ਸਵੇਰੇ 8 ਵਜੇ ਸ਼ੁਰੂ ਹੋਈ। 15 ਉਮੀਦਵਾਰਾਂ ’ਚੋਂ ਸੱਤਾਧਾਰੀ ਆਮ ਆਦਮੀ ਪਾਰਟੀ, ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਤੇ BJP ਸਮੇਤ ਆਜ਼ਾਦ ਉਮੀਦਵਾਰ ਮਨਦੀਪ ਸਿੰਘ ਖ਼ਾਲਸਾ ਵਿਚਕਾਰ ਹੀ ਮੁੱਖ ਮੁਕਾਬਲਾ ਮੰਨਿਆ ਜਾ ਰਿਹਾ ਸੀ ਪਰ ਦੁਪਹਿਰ ਬਾਅਦ ਆਏ ਨਤੀਜਿਆਂ ਵਿਚ ਆਮ ਆਦਮੀ ਪਾਰਟੀ ਜਿੱਤ ਵੱਲ ਕਦਮ ਵਧਾ ਰਹੀ ਏ , ਜਦਕਿ ਸ਼੍ਰੋਮਣੀ ਅਕਾਲੀ ਦਲ ਨੇ ਦੂਜੇ ਨੰਬਰ 'ਤੇ ਆ ਕੇ ਆਪਣੀ ਸਥਿਤੀ ਵਿਚ ਸੁਧਾਰ ਕੀਤਾ ਏ। ਸ਼੍ਰੋਮਣੀ ਅਕਾਲੀ ਦਲ ਪਾਰਟੀ ਤੀਜੇ ਸਥਾਨ 'ਤੇ ਏ।

-----------------------------------------------------------

ਓਧਰ ਬਿਹਾਰ ਵਿਧਾਨ ਸਭਾ ਚੋਣਾਂ ਲਈ ਸਾਰੀਆਂ 243 ਵਿਧਾਨ ਸਭਾ ਸੀਟਾਂ 'ਤੇ ਵੋਟਾਂ ਦੀ ਗਿਣਤੀ ਸ਼ਾਂਤੀਪੂਰਵਕ ਚੱਲ ਰਹੀ ਏ। ਹੁਣ ਤੱਕ

ਉਪਲਬਧ ਰੁਝਾਨਾਂ ਤੋਂ ਪਤਾ ਚੱਲਦਾ ਏ  ਕਿ ਰਾਸ਼ਟਰੀ ਲੋਕਤੰਤਰੀ ਗਠਜੋੜ (ਐਨਡੀਏ) 180 ਤੋਂ ਵੱਧ ਸੀਟਾਂ ਨਾਲ ਅੱਗੇ ਏ। ਸੱਤਾਧਾਰੀ ਗਠਜੋੜ 243 ਮੈਂਬਰੀ ਬਿਹਾਰ ਵਿਧਾਨ ਸਭਾ ਵਿੱਚ 122 ਦੇ ਬਹੁਮਤ ਨਾਲ ਅੱਗੇ ਵੱਧ ਰਿਹਾ ਏ।

-----------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸੂਬੇ ਦੇ ਪੇਂਡੂ ਖੇਤਰਾਂ ਵਿੱਚ ਜ਼ਮੀਨੀ ਪੱਧਰ 'ਤੇ ਵਿਕਾਸ ਨੂੰ ਤੇਜ਼ ਕਰਨ, ਜ਼ਰੂਰੀ ਸੇਵਾਵਾਂ ਨੂੰ ਬਿਹਤਰ ਬਣਾਉਣ ਅਤੇ ਸੂਬੇ ਦੀਆਂ ਗ੍ਰਾਮ ਪੰਚਾਇਤਾਂ ਨੂੰ ਸਸ਼ਕਤ ਬਣਾਉਣ ਲਈ ਵੱਖ-ਵੱਖ ਵਿਕਾਸ ਕਾਰਜਾਂ ਲਈ 332 ਕਰੋੜ ਰੁਪਏ ਦੀ ਮਹੱਤਵਪੂਰਨ ਕਿਸ਼ਤ ਜਾਰੀ ਕਰਨ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਇਸੇ ਲੜੀ ਵਿੱਚ 334 ਕਰੋੜ ਰੁਪਏ ਦੀ ਅਗਲੀ ਕਿਸ਼ਤ ਦਸੰਬਰ ਦੇ ਅੰਤ ਤੱਕ ਜਾਂ ਜਨਵਰੀ ਦੇ ਪਹਿਲੇ ਹਫ਼ਤੇ ਜਾਰੀ ਕਰ ਦਿੱਤੀ ਜਾਵੇਗੀ, ਤਾਂ ਜੋ ਪੇਂਡੂ ਵਿਕਾਸ ਲਈ ਸਰੋਤਾਂ ਦਾ ਨਿਰੰਤਰ ਪ੍ਰਵਾਹ ਯਕੀਨੀ ਬਣਾਇਆ ਜਾ ਸਕੇ। ਕੱਲ ਚੰਡੀਗੜ੍ਹ ਵਿਚ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਖਜ਼ਾਨਾ ਮੰਤਰੀ  ਨੇ ਕਿਹਾ ਕਿ 332 ਕਰੋੜ ਰੁਪਏ ਦੀ ਕੁੱਲ ਕਿਸ਼ਤ ਨੂੰ ਰਣਨੀਤਕ ਤੌਰ 'ਤੇ ਟਾਈਡ ਅਤੇ

ਅਨਟਾਈਡ ਫੰਡਾਂ ਵਿੱਚ ਵੰਡਿਆ ਗਿਆ ਏ  ਤਾਂ ਜੋ ਆਮ ਸਥਾਨਕ ਵਿਕਾਸ ਅਤੇ ਖਾਸ ਲਾਜ਼ਮੀ ਸਾਫ ਸਫਾਈ ਕਾਰਜਾਂ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ 156 ਕਰੋੜ ਰੁਪਏ ਦੀ ਗ੍ਰਾਂਟ ਅਨਟਾਈਡ ਫੰਡਾਂ ਵਜੋਂ ਦਿੱਤੀ ਜਾ ਰਹੀ ਏ , ਜਿਸਦੀ ਵਰਤੋਂ ਗ੍ਰਾਮ ਪੰਚਾਇਤਾਂ ਆਪਣੇ ਸਬੰਧਤ ਅਧਿਕਾਰ ਖੇਤਰ ਵਿੱਚ ਕਿਸੇ ਵੀ ਵਿਕਾਸ ਕਾਰਜ ਲਈ ਕਰ ਸਕਦੀਆਂ ਹਨ। ਇਸ ਦੇ ਉਲਟ, 176 ਕਰੋੜ ਰੁਪਏ ਟਾਈਡ ਫੰਡਾਂ ਵਜੋਂ ਵਰਤੇ ਜਾਣਗੇ, ਜਿਸਦੀ ਵਰਤੋਂ ਸਿਰਫ ਪਿੰਡਾਂ ਵਿੱਚ ਸਾਫ ਸਫਾਈ ਕੰਮਾਂ ਦੇ ਉਦੇਸ਼ ਲਈ ਕੀਤੀ ਜਾ ਸਕੇਗੀ। ਸਮੁੱਚੀ ਗ੍ਰਾਂਟ ਗ੍ਰਾਮ ਪੰਚਾਇਤ, ਪੰਚਾਇਤ ਸੰਮਤੀਆਂ ਅਤੇ ਜ਼ਿਲ੍ਹਾ ਪ੍ਰੀਸ਼ਦਾਂ ਵਿੱਚ 70:20:10 ਦੇ ਅਨੁਪਾਤ ਵਿੱਚ ਵੰਡੀ ਜਾਵੇਗੀ।

-----------------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਕਿ ਨਵੇਂ ਸ਼ੁਰੂ ਕੀਤੇ ਗਏ ਪੈਨਸ਼ਨਰ ਸੇਵਾ ਪੋਰਟਲ 'ਤੇ ਰਾਜ ਦੇ ਪੈਨਸ਼ਨਰਾਂ ਦੀ ਰਜਿਸਟ੍ਰੇਸ਼ਨ ਤਿੰਨ ਮਹੀਨਿਆਂ ਦੇ ਅੰਦਰ ਪੂਰੀ ਕਰ ਲਈ ਜਾਵੇਗੀ। ਉਨ੍ਹਾਂ ਇਹ ਐਲਾਨ ਐਸ ਏ ਐਸ ਨਗਰ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕਰਵਾਏ ਜਾ ਰਹੇ ਤਿੰਨ ਦਿਨਾਂ ਪੈਨਸ਼ਨਰ

ਸੇਵਾ ਮੇਲੇ ਦੇ ਉਦਘਾਟਨ ਦੌਰਾਨ ਕੀਤਾ। ਉਨ੍ਹਾਂ ਦੱਸਿਆ ਕਿ 15 ਨਵੰਬਰ ਤੱਕ ਚੱਲਣ ਵਾਲਾ ਇਹ ਮੇਲਾ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਪੈਨਸ਼ਨਰਾਂ ਨੂੰ ਪੋਰਟਲ ਰਜਿਸਟ੍ਰੇਸ਼ਨ ਵਿੱਚ ਸਹਾਇਤਾ ਲਈ ਕਰਵਾਇਆ ਜਾ ਰਿਹਾ ਏ । ਕੱਲ ਪਹਿਲੇ ਦਿਨ ਹੀ ਸੂਬੇ ਵਿੱਚ 5 ਹਜ਼ਾਰ 320 ਤੋਂ ਵੱਧ ਪੈਨਸ਼ਨਰਾਂ ਨੇ ਪੋਰਟਲ 'ਤੇ ਰਜਿਸਟਰੇਸ਼ਨ ਕੀਤੀ। ਸੁਚਾਰੂ ਰਜਿਸਟ੍ਰੇਸ਼ਨ ਨੂੰ ਯਕੀਨੀ ਬਣਾਉਣ ਲਈ, ਵਿੱਤ ਮੰਤਰੀ ਨੇ ਭਰੋਸਾ ਦਿੱਤਾ ਕਿ ਵਿੱਤ ਵਿਭਾਗ ਅਤੇ ਪੈਨਸ਼ਨ ਵੰਡਣ ਵਾਲੇ ਬੈਂਕਾਂ ਦੇ ਅਧਿਕਾਰੀ ਕਿਸੇ ਵੀ ਤਕਨੀਕੀ ਸਮੱਸਿਆ ਨੂੰ ਮੌਕੇ 'ਤੇ ਹੱਲ ਕਰਨ ਲਈ ਸਾਰੇ ਜ਼ਿਲ੍ਹਾ ਪੱਧਰੀ ਸਮਾਗਮਾਂ ਵਿੱਚ ਮੌਜੂਦ ਰਹਿਣਗੇ।

-----------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਕਰਵਾਏ ਜਾ ਰਹੇ ਤੀਜੇ ਅੰਤਰ-ਰਾਸ਼ਟਰੀ ਪੰਜਾਬੀ ਭਾਸ਼ਾ ਓਲੰਪੀਆਡ ਵਿੱਚ ਵੱਡੇ ਪੱਧਰ ‘ਤੇ ਵਿਦਿਆਰਥੀਆਂ ਦੀ ਦਿਲਚਸਪੀ ਦੇਖਣ ਨੂੰ ਮਿਲ ਰਹੀ ਏ ਅਤੇ ਇਸ ਵੱਕਾਰੀ ਮੁਕਾਬਲੇ ਵਿੱਚ ਰਜਿਸਟ੍ਰੇਸ਼ਨ ਦਾ ਅੰਕੜਾ 2 ਲਖ 25 ਹਜ਼ਾਰ 916 ਪਾਰ ਕਰ ਗਿਆ ਏ । ਉਨ੍ਹਾਂ ਕਿਹਾ ਕਿ ਅੰਕੜਿਆਂ ਵਿੱਚ ਲਗਭਗ 9 ਗੁਣਾ ਵਾਧਾ

ਨੌਜਵਾਨਾਂ ਵਿੱਚ ਉਤਸ਼ਾਹ ਦੀ ਵੱਡੀ ਲਹਿਰ ਦਾ ਪ੍ਰਮਾਣ ਏ । ਮੰਤਰੀ ਨੇ ਕਿਹਾ ਕਿ ਪ੍ਰਾਇਮਰੀ, ਮਿਡਲ, ਸੈਕੰਡਰੀ ਸ਼੍ਰੇਣੀ ਵਿੱਚ ਪਹਿਲੇ 10 ਵਿਦਿਆਰਥੀਆਂ ਨੂੰ ਪਹਿਲਾ ਇਨਾਮ 11,000 ਰੁਪਏ,ਰੁਪਏ ਦੂਜਾ ਇਨਾਮ 7,100 ਅਤੇ ਤੀਜਾ ਇਨਾਮ 5,100 ਰੁਪਏ ਸਨਮਾਨਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸੰਸਥਾਗਤ ਪੱਧਰ 'ਤੇ ਮਿਆਰੀ ਮੁਕਾਬਲੇ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਮੋਹਰੀ ਰਹਿਣ ਵਾਲੇ ਸਕੂਲਾਂ ਨੂੰ ਵੀ ਵਿਸ਼ੇਸ਼ ਪੁਰਸਕਾਰ ਅਤੇ ਮਾਨਤਾ ਦਿੱਤੀ ਜਾਵੇਗੀ।

---------------------------------------------------------------

ਲੁਧਿਆਣਾ ਦੀ ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਦੇ ਦੋ ਵਿਗਿਆਨੀਆਂ ਅਤੇ ਪੰਜ ਵਿਦਿਆਰਥੀਆਂ ਦੀ ਇੱਕ ਟੀਮ ਨੇ ਉੱਤਰਾਖੰਡ ਦੇ ਮੁਕਤੇਸ਼ਵਰ ਵਿਖੇ ਇੰਡੀਅਨ ਵੈਟਰਨਰੀ ਰਿਸਰਚ ਇੰਸਟੀਚਿਊਟ ਵਿਚ 30ਵੇਂ ਸਾਲਾਨਾ ਸੰਮੇਲਨ ਅਤੇ ਅੰਤਰ-ਰਾਸ਼ਟਰੀ ਕਾਨਫਰੰਸ ਵਿੱਚ ਹਿੱਸਾ ਲਿਆ ਅਤੇ ਕਈ ਰਾਸ਼ਟਰੀ ਪੱਧਰ ਦੇ ਪੁਰਸਕਾਰ ਜਿੱਤ ਕੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ। ਇਸ ਕਾਨਫਰੰਸ ਦਾ ਵਿਸ਼ਾ ਇੱਕ ਸਿਹਤ ਪਰਿਦ੍ਰਿਸ਼ ਦੇ ਤਹਿਤ ਪਸ਼ੂਧਨ ਉਤਪਾਦਨ ਅਤੇ ਸੁਰੱਖਿਆ ਦੀ ਕਲਪਨਾ" ਰੱਖਿਆ ਗਿਆ । ਕਾਲਜ

ਆਫ਼ ਐਨੀਮਲ ਬਾਇਓ-ਟੈਕਨਾਲੋਜੀ ਦੇ ਡੀਨ  ਡਾ. ਰਾਮ ਸਰਨ ਸੇਠੀ, ਨੇ ਇਹ  ਜਾਣਕਾਰੀ ਸਾਂਝੀ  ਕਰਦਿਆਂ  ਪੁਰਸਕਾਰ ਜੇਤੂ ਫੈਕਲਟੀ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਫੈਕਲਟੀ  ਮੈਂਬਰ  ਡਾ. ਆਦਰਸ਼ ਮਿਸ਼ਰਾ ਨੂੰ ਉਨ੍ਹਾਂ ਦੀ ਸ਼ਾਨਦਾਰ ਪੇਸ਼ਕਾਰੀ ਲਈ ਸਰਵੋਤਮ ਮੌਖਿਕ ਪੇਸ਼ਕਾਰੀ ਪੁਰਸਕਾਰ ਪ੍ਰਾਪਤ ਹੋਇਆ। ਡਾ. ਮਨੂ ਐਮ ਨੂੰ ਉਨ੍ਹਾਂ ਦੇ ਨਵੀਨਤਾਕਾਰੀ ਕੰਮ ਲਈ ਸਰਵੋਤਮ ਪੋਸਟਰ ਪੇਸ਼ਕਾਰੀ ਅਵਾਰਡ ਮਿਲਿਆ। ਖੋਜਾਰਥੀ ਵਿਦਿਆਰਥੀ ਜਸਵਿੰਦਰ ਕੌਰ ਨੇ ਦੇਸੀ ਬਨਾਮ ਵਿਦੇਸ਼ੀ ਕੁੱਤਿਆਂ ਵਿੱਚ ਵਖਰੇਵੇਂ 'ਤੇ ਆਪਣੀ ਖੋਜ ਲਈ  5,000 ਦੇ ਨਕਦ ਇਨਾਮ ਨਾਲ ਯੂਵਾ ਵਿਗਿਆਨੀ ਅਵਾਰਡ ਜਿੱਤਿਆ। ਇੱਕ ਹੋਰ ਵਿਦਿਆਰਥੀ, ਆਕ੍ਰਿਤੀ ਪਠਾਨੀਆ ਨੇ ਮੌਖਿਕ ਪੇਸ਼ਕਾਰੀ ਵਿੱਚ ਤੀਜਾ ਇਨਾਮ ਪ੍ਰਾਪਤ ਕੀਤਾ। ਪੋਸਟ ਗ੍ਰੈਜੂਏਟ ਵਿਦਿਆਰਥਣ ਅਵੰਤਿਕਾ ਪਾਠਕ ਨੂੰ  5,000 ਦੇ ਨਕਦ ਇਨਾਮ ਨਾਲ ਨਮੱਕਲ ਸਿਲਵਰ ਜੁਬਲੀ ਟ੍ਰੈਵਲ ਗ੍ਰਾਂਟ ਅਵਾਰਡ ਮਿਲਿਆ, ਜਦੋਂ ਕਿ ਨਰਿੰਦਰ ਕੌਰ ਨੂੰ  3,000 ਦੇ ਵਿਦਿਆਰਥੀ ਯਾਤਰਾ ਗ੍ਰਾਂਟ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ।

---------------------------------------------------------